# Phone call between Prime Minister ShriNarendraModi and H.E. Paul Kagame, President of Rwanda

June 05, 2020

---

## ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਰਵਾਂਡਾ ਦੇ ਰਾਸ਼ਟਰਪਤੀ ਮਹਾਮਹਿਮ ਪਾਲ ਕਾਗਾਮ ਵਿਚਕਾਰ ਹੋਈ ਫੋਨ 'ਤੇ ਗੱਲਬਾਤ

5 ਜੂਨ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਰਵਾਂਡਾ ਦੇ ਰਾਸ਼ਟਰਪਤੀ ਮਹਾਮਹਿਮ ਪਾਲ ਕਾਗਾਮ ਨਾਲ ਫੋਨ 'ਤੇ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਨੇ ਆਪਣੀ 2018 ਦੀ ਯਾਦਗਾਰੀ ਰਵਾਂਡਾ ਫੇਰੀ ਤੋਂ ਬਾਅਦ ਦੁਵੱਲੇ ਸਬੰਧਾਂ ਵਿੱਚ ਹੋਈ ਤਰੱਕੀ ਉੱਤੇ ਤੱਸਲੀ ਪ੍ਰਗਟਾਈ। ਰਵਾਂਡਾ ਦੇ ਰਾਸ਼ਟਰਪਤੀ ਨੇ ਆਪਣੀ 2018 ਦੀ ਫੇਰੀ ਦੌਰਾਨ ਪ੍ਰਧਾਨ ਮੰਤਰੀ ਮੋਦੀ ਦੁਆਰਾ ਤੋਹਫ਼ੇ ਵਜੋਂ ਦਿੱਤੀਆਂ ਗਈਆਂ 200 ਭਾਰਤੀ ਗਾਵਾਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਸਦਕਾ ਰਵਾਂਡਾ ਦੇ ਬੱਚਿਆਂ ਲਈ ਦੁੱਧ ਦੀ ਉਪਲਬਧਤਾ ਵਿੱਚ ਸੁਧਾਰ ਲਿਆਉਣ ਵਿੱਚ ਮਦਦ ਮਿਲੀ ਹੈ ਅਤੇ ਕਿਸਾਨਾਂ ਦੀ ਆਮਦਨੀ ਵਿੱਚ ਵਾਧਾ ਵੀ ਹੋਇਆ ਹੈ।

ਦੋਨਾਂ ਆਗੂਆਂ ਨੇ COVID -19 ਮਹਾਂਮਾਰੀ ਕਾਰਨ ਉਨ੍ਹਾਂ ਦੀਆਂ ਸਿਹਤ ਸੰਭਾਲ ਪ੍ਰਣਾਲੀਆਂ ਅਤੇ ਆਰਥਿਕਤਾਵਾਂ ਨੂੰ ਪੇਸ਼ ਆ ਰਹੀਆਂ ਚੁਣੌਤੀਆਂ ਬਾਰੇ ਗੱਲਬਾਤ ਕੀਤੀ। ਉਨ੍ਹਾਂ ਨੇ ਆਪੋ ਆਪਣੇ ਦੇਸ਼ ਵਿਚ ਇਸ ਸੰਕਟ ਦੇ ਪ੍ਰਬੰਧਨ ਅਤੇ ਨਾਗਰਿਕਾਂ ਦੀ ਖੈਰੀਅਤ ਨੂੰ ਯਕੀਨੀ ਬਣਾਉਣ ਲਈ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਦੋਨਾਂ ਆਗੂਆਂ ਨੇ ਮੌਜੂਦਾ ਸੰਕਟ ਦੌਰਾਨ ਇਕ ਦੂਜੇ ਦੇ ਪਰਵਾਸੀ ਨਾਗਰਿਕਾਂ ਨੂੰ ਹਰ ਮੁਮਕਿਨ ਮਦਦ ਦੇਣ ਉੱਤੇ ਸਹਿਮਤੀ ਪ੍ਰਗਟਾਈ।

ਪ੍ਰਧਾਨ ਮੰਤਰੀ ਨੇ ਰਵਾਂਡਾ ਦੇ ਰਾਸ਼ਟਰਪਤੀ ਨੂੰ ਡਾਕਟਰੀ ਸਹਾਇਤਾ ਸਮੇਤ ਕੋਰੋਨਾਵਾਇਰਸ ਨਾਲ ਨਜਿੱਠਣ ਲਈ ਰਵਾਂਡਾ ਦੇ ਯਤਨਾਂ ਵਿਚ ਭਾਰਤ ਦੇ ਲਗਾਤਾਰ ਸਮਰਥਨ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਰਾਸ਼ਟਰਪਤੀ ਕਾਗਾਮ ਦੀ ਅਗਵਾਈ ਵਿਚ ਇਸ ਸੰਕਟ ਦੇ ਕਾਰਗਰ ਪ੍ਰਬੰਧਨ ਅਤੇ ਰਵਾਂਡਾ ਦੇ ਲੋਕਾਂ ਦੁਆਰਾ ਇਸ ਚੁਣੌਤੀ ਦਾ ਮੁਕਾਬਲਾ ਕਰਨ ਦੇ ਦ੍ਰਿੜ ਇਰਾਦੇ ਦੀ ਸ਼ਲਾਘਾ ਕੀਤੀ।

ਪ੍ਰਧਾਨ ਮੰਤਰੀ ਨੇ ਮੌਜੂਦਾ ਸੰਕਟ ਦੌਰਾਨ ਰਵਾਂਡਾ ਦੇ ਲੋਕਾਂ ਦੀ ਸਿਹਤ ਅਤੇ ਖੈਰੀਅਤ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ।

ਨਵੀਂ ਦਿੱਲੀ
5 ਜੂਨ, 2020

DISCLAIMER: This is an approximate translation. The original is available in English on MEA's website and may be referred to as the official press release.